ਸੂਚਨਾ 'ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

**ਫ਼ਾਜ਼ਿਲਕਾ, ਅਬੋਹਰ ਅਤੇ ਜਲਾਲਾਬਾਦ ਵਿਖੇ ਬਣਾਈਆਂ ਆਰਜ਼ੀ ਜੇਲ੍ਹਾਂ-ਜ਼ਿਲ੍ਹਾ ਮੈਜਿਸਟਰੇਟ**

*** ਸੁਪਰਡੰਟ ਸਬ ਜੇਲ ਫ਼ਾਜ਼ਿਲਕਾ ਆਰਜ਼ੀ ਜੇਲਾਂ ਦੇ ਓਵਰਆਲ ਇੰਚਾਰਜ ਹੋਣਗੇ**

**ਫਾਜ਼ਿਲਕਾ,** C ਅਪ੍ਰੈਲ

ਜ਼ਿਲ੍ਹਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਜ਼ਿਲ੍ਹਾ ਫ਼ਾਜ਼ਿਲਕਾ ਵਿੱਚ ਤਾਲਾ ਬੰਦੀ ਅਤੇ ਕਰਫਿਊ ਨੂੰ ਪੂਰਨ ਤੌਰ 'ਤੇ ਲਾਗੂ ਕਰਨ ਲਈ ਆਮ ਜਨਤਾ ਨੂੰ ਘਰਾਂ ਤੋਂ ਬਾਹਰ ਜਾਣ ਤੋਂ ਰੋਕਣ ਦੇ ਮੰਤਵ ਲਈ, ਜ਼ਿਲ੍ਹੇ ਅੰਦਰ ਆਰਜੀ ਜੇਲ੍ਹਾਂ ਬਹੁ ਮੰਤਵੀ ਖੇਡ ਸਟੇਡੀਅਮ ਜਲਾਲਾਬਾਦ, ਬਹੁ ਮੰਤਵੀ ਖੇਡ ਸਟੇਡੀਅਮ ਫ਼ਾਜ਼ਿਲਕਾ ਅਤੇ ਡੀ.ਏ.ਵੀ. ਕਾਲਜ ਦੇ ਆਡੀਟੋਰੀਅਮ ਹਾਲ ਅਬੋਹਰ ਵਿਖੇ ਬਣਾਈਆਂ ਜਾਂਦੀਆਂ ਹਨ। ਉਨ੍ਹਾਂ ਹੁਕਮ 'ਚ ਦੱਸਿਆ ਕਿ ਸੁਪਰਡੰਟ ਸਬ ਜੇਲ ਫ਼ਾਜ਼ਿਲਕਾ ਆਰਜ਼ੀ ਜੇਲਾਂ ਦੇ ਓਵਰਆਲ ਇੰਚਾਰਜ ਹੋਣਗੇ। ਇਸ ਤੋਂ ਇਲਾਵਾ ਬਹੁਮੰਤਵੀ ਖੇਡ ਸਟੇਡੀਅਮ ਜਲਾਲਾਬਾਦ ਦੀ ਆਰਜ਼ੀ ਜੇਲ ਲਈ ਉਪ ਕਪਤਾਨ ਪੁਲਿਸ ਜਲਾਲਾਬਾਦ, ਬਹੁਮੰਤਵੀ ਖੇਡ ਸਟੇਡੀਅਮ ਫਾਜਿਲਕਾ ਲਈ ਉਪ ਕਪਤਾਨ ਪੁਲਿਸ (ਡੀ) ਫ਼ਾਜ਼ਿਲਕਾ ਅਤੇ ਡੀ.ਏ.ਵੀ. ਕਾਲਜ ਆਡੀਟੋਰੀਅਮ ਹਾਲ ਅਬੋਹਰ ਬਿਲਡਿੰਗ ਅੰਦਰ ਬਣਾਈ ਆਰਜ਼ੀ ਜੇਲ ਲਈ ਕਪਤਾਨ ਪੁਲਿਸ, ਅਬੋਹਰ ਸੁਪਰਡੰਟ ਸਬ ਜੇਲ ਫ਼ਾਜ਼ਿਲਕਾ ਦੀ ਸਹਾਇਤਾ ਲਈ ਨਿਯੁਕਤ ਕੀਤਾ ਜਾਂਦਾ ਹੈ।

ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਆਮ ਜਨਤਾ ਨੂੰ ਮਹਾਂਮਾਰੀ ਤੋਂ ਬਚਾਉਣ ਲਈ ਸਾਵਧਾਨੀ ਵਰਤਦੇ ਹੋਏ ਰਾਜ ਵਿੱਚ ਤਾਲਾਬੰਦੀ ਦੇ ਨਾਲ-ਨਾਲ ਕਰਫਿਊ ਵੀ ਜਾਰੀ ਰੱਖਿਆ ਗਿਆ ਹੈ। ਸਰਕਾਰ ਵੱਲੋਂ ਜਾਰੀ ਆਦੇਸ਼ਾਂ ਦੀ ਪਾਲਣਾ ਵਿੱਚ ਜ਼ਿਲ੍ਹਾ ਫਾਜ਼ਿਲਕਾ ਵਿਚ ਤਾਲਾਬੰਦੀ ਅਤੇ ਕਰਫਿਊ ਮਿਤੀ 14 ਅਪ੍ਰੈਲ 2020 ਤੱਕ ਦਾ ਵਾਧਾ ਕੀਤਾ ਗਿਆ ਹੈ।

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ

**ਕੋਰੋਨਾ ਵਾਇਰਸ ਸਬੰਧੀ ਹੁਣ ਤੱਕ ਜ਼ਿਲ੍ਹੇ ਦੇ 16 ਸ਼ੱਕੀ ਵਿਅਕਤੀਆਂ ਦੀ**

**ਰਿਪੋਰਟ ਨੈਗੇਟਿਵ : ਡਿਪਟੀ ਕਮਿਸ਼ਨਰ**

*** ਅਫਵਾਹਾਂ ਫੈਲਾਉਣ ਵਾਲਿਆਂ ਖਿਲਾਫ ਕਾਨੂੰਨੀ ਕਾਰਵਾਈ ਹੋਵੇਗੀ**

ਫ਼ਾਜਿਲਕਾ, C ਅਪ੍ਰੈਲ

ਨੋਵਲ ਕੋਰੋਨਾਵਾਇਰਸ ਫੈਲਣ ਤੋਂ ਰੋਕਣ ਲਈ ਜ਼ਿਲ੍ਹਾ ਪ੍ਰਸਾਸਨ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਹੁਣ ਤੱਕ ਜ਼ਿਲ੍ਹੇ ਵਿਚੋਂ ਟੈਸਟ ਲਈ ਭੇਜੇ ਗਏ ਸਾਰੇ 16 ਸ਼ੱਕੀ ਵਿਅਕਤੀਆਂ ਦੀ ਰਿਪੋਰਟ ਨੈਗਟਿਵ ਆਈ ਹੈ। ਇਹ ਜਾਣਕਾਰੀ ਡਿਪਟੀ ਕਮਿਸਨਰ ਫ਼ਾਜ਼ਿਲਕਾ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਨੇ ਦਿੱਤੀ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਕੋਰੋਨਾਵਾਇਰਸ ਸਬੰਧੀ ਕਿਸੇ ਕਿਸਮ ਦੀ ਗਲਤ ਜਾਣਕਾਰੀ ਜਾਂ ਅਫਵਾਹ ਲੋਕਾਂ ਵਿਚ ਨਾ ਫੈਲਾਉਣ ਅਤੇ ਜੇ ਕੋਈ ਅਜਿਹਾ ਕਰਦਾ ਪਾਇਆ ਗਿਆ ਤਾਂ ਦੋਸ਼ੀਆਂ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਸਿਵਲ ਸਰਜਨ ਡਾ. ਸੁਰਿੰਦਰ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਫ਼ਾਜਿਲਕਾ ਨਾਲ ਸਬੰਧਤ ਬਾਹਰੋਂ ਆਏ 292 ਯਾਤਰੀਆਂ ਦੀ ਸੂਚੀ ਵਿੱਚੋਂ ਮੌਜੂਦਾ ਸਮੇਂ 76 ਵਿਅਕਤੀ ਹੀ ਏਕਾਂਤਵਾਸ ਵਿੱਚ ਹਨ ਜਦਕਿ ਬਾਕੀ ਯਾਤਰੀ ਏਕਾਂਤਵਾਸ ਦਾ ਸਮਾਂ ਪੂਰਾ ਕਰ ਚੁੱਕੇ ਹਨ ਅਤ ਕੋਰੋਨਾ ਵਾਇਰਸ ਦੇ ਸੱਕ ਦੇ ਘੇਰੇ 'ਚੋਂ ਬਾਹਰ ਹਨ। ਉਨ੍ਹਾਂ ਦੱਸਿਆ ਕਿ ਜਿਹੜੇ ਵਿਅਕਤੀ ਮੌਜੂਦਾ ਸਮੇਂ ਏਕਾਂਤਵਾਸ ਵਿਚ ਹਨ, ਜੇਕਰ ਉਨ੍ਹਾਂ ਨੂੰ ਬੁਖਾਰ, ਖੰਘ, ਗਲੇ 'ਚ ਖਰਾਸ ਅਤੇ ਸਾਹ ਲੈਣ ਵਿੱਚ ਮੁਸਕਲ ਆਦਿ ਲੱਛਣ ਦਿਖਾਈ ਦਿੰਦੇ ਹਨ ਤਾਂ ਉਨ੍ਹਾਂ ਨੂੰ ਤੁਰੰਤ ਸਰਕਾਰੀ ਸਿਹਤ ਸੰਸਥਾ ਨਾਲ ਸੰਪਰਕ ਕਰਕੇ ਆਪਣੀ ਜਾਣਕਾਰੀ ਦੇਣੀ ਚਾਹੀਦੀ ਹੈ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਅਕਤੀਆਂ ਨੂੰ ਏਕਾਂਤਵਾਸ ਦੇ ਨਿਯਮਾਂ ਦਾ ਪਾਲਣ ਕਰਦੇ ਹੋਏ ਆਪਣੇ ਘਰ ਵਿਚ ਹੀ ਰਹਿਣਾ ਚਾਹੀਦਾ ਹੈ ਅਤੇ ਬਾਹਰ ਨਹੀਂ ਜਾਣਾ ਚਾਹੀਦਾ। ਉਨ੍ਹਾਂ ਨੇ ਦੱਸਿਆ ਕਿ ਜੇਕਰ ਏਕਾਂਤਵਾਸ 'ਚ ਰੱਖਿਆ ਗਿਆ ਵਿਅਕਤੀ ਨਿਯਮਾਂ ਅਤੇ ਲੋੜੀਂਦੀਆਂ ਹਦਾਇਤਾਂ ਦੀ ਪਾਲਣਾ ਨਹੀਂ ਕਰਦਾ ਤਾਂ ਉਸ ਵਿਰੁੱਧ ਪੁਲਿਸ ਕੇਸ ਦਰਜ ਕੀਤਾ ਜਾਵੇਗਾ।

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

# ਜ਼ਿਲ੍ਹਾ ਫਾਜ਼ਿਲਕਾ 'ਚ ਯੂਰੀਆ ਅਤੇ ਡੀ.ਏ.ਪੀ. ਖਾਦਾਂ ਦੀ ਵੰਡ ਲਈ ਜ਼ਿਲ੍ਹਾ ਪੱਧਰੀ ਕਮੇਟੀ ਦਾ ਗਠਨ

***ਖਾਦਾਂ ਦੀ ਢੋਆ ਢੁਆਈ ਅਤੇ ਲੈਣ-ਲਿਜਾਣ ਮੌਕੇ ਸ਼ੋਸਲ ਡਿਸਟੈਂਸਿੰਗ ਨੂੰ ਯਕੀਨੀ ਬਣਾਇਆ ਜਾਵੇ-ਅਰਵਿੰਦ ਪਾਲ ਸਿੰਘ ਸੰਧੂ**

ਫਾਜ਼ਿਲਕਾ, 3 ਅਪਰੈਲ:

ਜ਼ਿਲ੍ਹਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਸਹਿਕਾਰੀ ਸਭਾਵਾਂ ਤੱਕ ਡੀ.ਏ.ਪੀ. ਅਤੇ ਯੂਰੀਆ ਦੀ ਸੁਚਾਰੂ ਵੰਡ ਯਕੀਨੀ ਬਣਾਉਣ ਲਈ ਜ਼ਿਲ੍ਹਾ ਪੱਧਰੀ ਕਮੇਟੀ ਦਾ ਗਠਨ ਕੀਤਾ ਗਿਆ ਹੈ। ਜ਼ਿਲ੍ਹਾ ਫਾਜ਼ਿਲਕਾ ਦੇ ਡਿਪਟੀ ਰਜਿਸਟਰਾਰ ਇਸ ਕਮੇਟੀ ਦੇ ਚੇਅਰਮੈਨ ਹੋਣਗੇ ਜਦਕਿ ਜ਼ਿਲ੍ਹਾ ਮੈਨੇਜਰ ਮਾਰਕਫੈਡ, ਜ਼ਿਲ੍ਹਾ ਮੈਨੇਜਰ ਇਫਕੋ, ਸਬੰਧਤ ਖੇਤੀਬਾੜੀ ਅਫ਼ਸਰ, ਸਬੰਧਤ ਬੀ.ਡੀ.ਪੀ.ਓ. ਆਦਿ ਮੈਂਬਰ ਹੋਣਗੇ। ਇਹ ਕਮੇਟੀ ਯਕੀਨੀ ਬਣਾਏਗੀ ਕਿ ਜਦੋਂ ਵੀ ਜ਼ਿਲ੍ਹੇ ਵਿੱਚ ਯੂਰੀਆ ਅਤੇ ਡੀ.ਏ.ਪੀ. ਖਾਦ ਦਾ ਰੈਕ ਲੱਗੇਗਾ, ਉਸ ਨੂੰ ਰੇਲਵੇ ਪਲੇਟਫਾਰਮ ਤੋਂ ਸੁਸਾਇਟੀਆਂ ਤੱਕ ਸੁਚਾਰੂ ਤਰੀਕੇ ਨਾਲ ਪਹੁੰਚਾ ਦਿੱਤਾ ਜਾਵੇ ਅਤੇ ਇਹ ਸਾਰੀ ਪ੍ਰਕਿਰਿਆ ਕਰਦੇ ਸਮੇਂ ਸੋਸ਼ਲ ਡਿਸਟੈਂਸਿੰਗ ਨੂੰ ਯਕੀਨੀ ਬਣਾਇਆ ਜਾਵੇ।

ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਭਰੋਸਾ ਦਿੱਤਾ ਹੈ ਕਿ ਅਗਲੀ ਫਸਲ ਲਈ ਸਰਕਾਰ ਵੱਲੋਂ ਲੋੜ ਅਨੁਸਾਰ ਖਾਦਾਂ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ। ਭਾਰਤ ਸਰਕਾਰ ਨੇ ਸੂਬੇ 'ਚ ਅਗਲੀ ਫਸਲ ਲਈ ਖਾਦਾਂ ਦੀ ਸਪਲਾਈ ਦੀ ਦਿੱਤੀ ਪ੍ਰਵਾਨਗੀ ਦੇ ਸੰਦਰਭ 'ਚ ਜ਼ਿਲ੍ਹੇ ਕਮੇਟੀ ਬਣਾ ਕੇ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ।

ਉਨ੍ਹਾਂ ਦੱਸਿਆ ਕਿ ਖਾਦਾਂ ਦੀ ਵੰਡ ਲਈ ਸਬੰਧਤ ਬੀ.ਡੀ.ਪੀ.ਓ. ਮਗਨਰੇਗਾ ਸਕੀਮ ਤਹਿਤ ਲੇਬਰ ਆਦਿ ਦੇ ਪ੍ਰਬੰਧ ਲਈ ਜ਼ਿੰਮੇਵਾਰ ਹੋਣਗੇ। ਜ਼ਿਲ੍ਹੇ ਦੇ ਸਮੂਹ ਬੀ.ਡੀ.ਪੀ.ਓਜ. ਨੂੰ ਡਿਪਟੀ ਰਜਿਸਟਰਾਰ, ਕੋਆਪ੍ਰੇਟਿਵ ਸੁਸਾਇਟੀਜ਼ ਨਾਲ ਰਾਬਤਾ ਰੱਖਣ ਅਤੇ ਮਗਨਰੇਗਾ ਵਰਕਰਜ਼ ਰਾਹੀਂ ਸਪਲਾਈ ਲਈ ਜ਼ਿੰਮੇਵਾਰ ਹੋਣਗੇ। ਸਮੂਹ ਬੀ.ਡੀ.ਪੀ.ਓਜ. ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਇਸ ਮਕਸਦ ਲਈ ਮਗਨਰੇਗਾ ਵਰਕਰਜ਼ ਨਾਲ ਤਾਲਮੇਲ ਕਰਨਾ ਯਕੀਨੀ ਬਣਾਉਣਗੇ।

**ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ**

# ਕੋਵਾ ਐਪ ਰਾਹੀਂ ਹਾਸਲ ਕੀਤੀ ਜਾ ਸਕਦੀ ਹੈ ਡਾਕਟਰੀ ਸਲਾਹ: ਡਿਪਟੀ ਕਮਿਸ਼ਨਰ

## *ਵਲੰਟੀਅਰ ਵਜੋਂ ਸੇਵਾਵਾਂ ਨਿਭਾਉਣ ਲਈ ਕੋਵਾ ਐਪ ਡਾਊਨਲੋਡ ਕਰਕੇ ਰਜਿਸਟ੍ਰੇਸ਼ਨ ਕਰਵਾਉਣ ਦੀ ਅਪੀਲ

## *ਕਨੈਕਟ-ਟੂ-ਡਾਕਟਰ ਨਾਂਅ ਤੋਂ ਜਾਰੀ ਕੀਤਾ ਹੈਲਪਲਾਈਨ ਨੰਬਰ 1800-AH@-DA@D

**ਫ਼ਾਜ਼ਿਲਕਾ 3 ਅਪਲ :**

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਕਿਹਾ ਕਿ ਪੰਜਾਬ ਵਿੱਚ ਕੋਵਿਡ-19 ਨੂੰ ਫੈਲਣ ਤੋਂ ਰੋਕਣ ਲਈ ਪੰਜਾਬ ਸਰਕਾਰ ਵਲੋਂ ਸਮੇਂ-ਸਮੇਂ ’ਤੇ ਹਦਾਇਤਾਂ ਕੀਤੀਆਂ ਜਾ ਰਹੀਆਂ ਹਨ ਅਤ ਜਨਤਾ ਨੂੰ ਸੁੱਰਖਿਅਤ ਰੱਖਣ ਦੀ ਇਸ ਪ੍ਰਕਿਰਿਆ ਦੇ ਚੱਲਦੇ ਜ਼ਿਲ੍ਹੇ ਵਿੱਚ ਕਰਫ਼ਿਊ ਵੀ ਲਗਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਕਰਫ਼ਿਊ ਦੌਰਾਨ ਆਮ ਜਨਤਾ ਤੱਕ ਡਾਕਟਰੀ ਪਹੁੰਚ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਵਲਂ ਕੋਵਾ ਐਪ ਦੇ ਮਾਧਿਅਮ ਨਾਲ ਕਨੈਕਟ-ਟੂ-ਡਾਕਟਰ ਨਾਮ ਤੋਂ ਵਿਸ਼ੇਸ਼ ਹੈਲਪਲਾਈਨ ਨੰਬਰ 1800-AH@-4104 ਜਾਰੀ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਇਹ ਸੁਵਿਧਾ ਨਾਗਰਿਕਾਂ ਨੂੰ ਦੇਸ਼ ਭਰ ਵਿੱਚ 1800 ਤੋਂ ਵੱਧ ਮਾਹਿਰ ਡਾਕਟਰਾਂ ਦ ਨੈਟਵਰਕ ਨਾਲ ਜੁੜਨ ਵਿੱਚ ਮਦਦ ਕਰੇਗੀ ਅਤੇ ਜਨਤਾ ਕੋਵਿਡ-19 ਅਤੇ ਹੋਰ ਚਿੰਤਾਵਾਂ ਸਬੰਧੀ ਡਾਕਟਰੀ ਸਲਾਹ ਪ੍ਰਾਪਤ ਕਰ ਸਕਣਗੇ। ਉਨ੍ਹਾਂ ਇਸ ਸਬੰਧ ਵਿੱਚ ਜ਼ਿਲ੍ਹੇ ਦੇ ਮਾਹਿਰ ਡਾਕਟਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਸਵੈ-ਇੱਛੁਕ ਭਾਗੀਦਾਰੀ ਲਈ ਇਸ ਨੇਕ ਉਪਰਾਲੇ ਦਾ ਹਿੱਸਾ ਬਣ ਸਕਦੇ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੋਰੋਨਾ ਵਾਇਰਸ ਖਿਲਾਫ਼ ਜੰਗ ਵਿੱਚ ਹਰੇਕ ਵਿਅਕਤੀ ਦੀ ਭਾਗੀਦਾਰੀ ਯਕੀਨੀ ਬਣਾਉਣ ਲਈ ਕੋਵਾ ਐਪ ਰਾਹੀਂ ਰਜਿਸਟਰੇਸ਼ਨ ਪ੍ਰਕਿਰਿਆ ਸ਼ੁਰੂ ਕੀਤੀ ਜਾ ਰਹੀ ਹੈ, ਜਿਸ ਰਾਹੀਂ ਕੋਈ ਵੀ ਵਿਅਕਤੀ ਜਾਂ ਸੰਸਥਾ ਸਵੈ-ਇੱਛਾ ਨਾਲ ਰਜਿਸਟਰੇਸ਼ਨ ਕਰਵਾ ਕੇ ਵਲੰਟੀਅਰ ਦੇ ਤੌਰ ’ਤੇ ਸੇਵਾਵਾਂ ਨਿਭਾਅ ਸਕਦੀ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਰਜਿਸਟਰਡ ਵਲੰਟੀਅਰਾਂ ਤੋਂ ਜ਼ਿਲ੍ਹਾ ਪ੍ਰਸ਼ਾਸ਼ਨ ਵਲੋਂ ਸੇਵਾਵਾਂ ਹਾਸਲ ਕੀਤੀਆਂ ਜਾ ਸਕਦੀਆਂ ਹਨ। ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਉਹ ਕੋਵਾ ਐਪ ਡਾਊਨਲੋਡ ਕਰਕੇ ਆਪਣੇ ਆਪ ਨੂੰ ਵਲੰਟੀਅਰ ਵਜੋਂ ਰਜਿਸਟਰਡ ਕਰ ਸਕਦੇ ਹਨ।

ਸ. ਸੰਧੂ ਨੇ ਦੱਸਿਆ ਕਿ ਵਲੰਟੀਅਰ ਤੋਂ ਵੱਖ-ਵੱਖ ਤਰ੍ਹਾਂ ਦੀਆਂ ਸੇਵਾਵਾਂ ਲਈਆਂ ਜਾਣਗੀਆਂ ਅਤੇ ਇਨ੍ਹਾਂ ਸੇਵਾਵਾਂ ਨੂੰ ਵੱਖ-ਵੱਖ ਕੈਟਾਗਿਰੀਆਂ ਵਿੱਚ ਵੰਡਿਆ ਗਿਆ ਹੈ। ਪਹਿਲੀ ਕੈਟਾਗਿਰੀ ਵਿੱਚ ਕਮਿਊਨਿਟੀ ਰਿਸਪਾਂਸ ਵਲੰਟੀਅਰ ਦੀ ਹੈ, ਜਿਸ ਦੀ ਭੂਮਿਕਾ ਦਵਾਈਆਂ, ਭੋਜਨ ਅਤੇ ਹੋਰ ਜ਼ਰੂਰੀ ਸੇਵਾਵਾਂ ਨੂੰ ਲੋਕਾਂ ਦੇ ਘਰਾਂ ਤੱਕ ਪਹੁੰਚਾਉਣਾ ਹੋਵੇਗਾ। ਇਸ ਤੋਂ ਇਲਾਵਾ ਜ਼ਰੂਰਤਮੰਦ ਲੋਕਾਂ ਲਈ ਖਾਣਾ ਬਣਾਉਣ ਦੀ ਸੇਵਾ ਵੀ ਲਈ ਜਾਵੇਗੀ। ਦੂਸਰੀ ਕੈਟਾਗਿਰੀ ਪੇਸ਼ੈਂਟ ਟਰਾਂਸਪੋਰਟ ਵਲੰਟੀਅਰ ਦੀ ਹੈ ਅਤੇ ਇਹ ਵਲੰਟੀਅਰ ਉਨ੍ਹਾਂ ਮਰੀਜ਼ਾਂ ਦੇ ਘਰਾਂ ਤੱਕ ਸੁੱਰਖਿਅਤ ਵਾਹਨ ਸੇਵਾਵਾਂ ਪ੍ਰਦਾਨ ਕਰਨਗੇ, ਜਿਸ ਨੂੰ ਮੈਡੀਕਲ ਫਿਟ ਕਰਨ ਦੇ ਬਾਅਦ ਡਿਸਚਾਰਜ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਤੀਸਰੀ ਕੈਟਾਗਿਰੀ ਸਰਕਾਰੀ ਟਰਾਂਸਪੋਰਟ ਵਲੰਟੀਅਰ ਦੀ ਹੈ, ਇਨ੍ਹਾਂ ਦੀ ਭੂਮਿਕਾ ਸਰਕਾਰੀ ਸੇਵਾਵਾਂ ਅਤੇ ਹੋਰ ਸਾਈਟਾਂ ਵਿੱਚ ਉਪਕਰਨ, ਸਪਲਾਈ ਅਤੇ ਦਵਾਈਆਂ ਟਰਾਂਸਪੋਰਟ ਦਾ ਕੰਮ ਕਰਨ ਦੀ ਹੋਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਚੌਥੀ ਕੈਟਾਗਿਰੀ ਚੈਕ ਇਨ ਅਤੇ ਚੈਟ ਵਲੰਟੀਅਰ ਦੀ ਹੈ, ਇਨ੍ਹਾਂ ਵਲੰਟੀਅਰਾਂ ਦੀ ਭੂਮਿਕਾ ਉਨ੍ਹਾਂ ਵਿਅਕਤੀਆਂ ਨੂੰ ਥੋੜ੍ਹੇ ਸਮੇਂ ਲਈ ਟੈਲੀਫੋਨ ਸਹਾਇਤਾ ਪ੍ਰਦਾਨ ਕਰਨਾ ਹੈ, ਜੋ ਕਿ ਇਕੱਲੇਪਣ ਅਤੇ ਸੈਲਫ ਆਈਸੋਲੇਸ਼ਨ ਦੇ ਸ਼ਿਕਾਰ ਹਨ ਅਤੇ ਅੰਤਿਮ ਕੈਟਾਗਿਰੀ ਸਾਫਟਵੇਅਰ ਡਿਵੈਲਪਮੈਂਟ ਵਲੰਟੀਅਰ ਦੀ ਹੈ, ਜੋ ਕਿ ਸਰਕਾਰ ਦੀ ਲੋੜ ਅਨੁਸਾਰ ਵੱਖ-ਵੱਖ ਆਈ.ਟੀ. ਪ੍ਰੋਗਰਾਮ ਅਤੇ ਸਾਫਟ ਵੇਅਰ ਵਿੱਚ ਸ਼ਾਮਲ ਹੋਣਗੇ।